**16ਵੀਂ ਵਿਧਾਨ ਸਭਾ**

**ਦੂਜਾ (ਬਜਟ) ਸਮਾਗਮ**

**ਪੰਜਾਬ ਵਿਧਾਨ ਸਭਾ**

ਬੁਲੇਟਿਨ ਨੰ: 2

ਸ਼ੁੱਕਰਵਾਰ, 24 ਜੂਨ, 2022

**(ਬਾਅਦ ਦੁਪਹਿਰ ਦੀ ਬੈਠਕ)**

(02.00 ਵਜੇ ਬਾਅਦ ਦੁਪਹਿਰ ਤੋਂ 07.00 ਵਜੇ ਸ਼ਾਮ ਤੱਕ)

1. **ਪ੍ਰਸ਼ਨ**

**(ੳ) ਨਿਸ਼ਾਨ ਵਾਲੇ ਪ੍ਰਸ਼ਨ :**

| ਕ੍ਰਮ ਪੱਤਰ ਤੇ ਕੁੱਲ ਪ੍ਰਸ਼ਨ | ਉੱਤਰ ਦਿੱਤੇ ਗਏ | ਪੁਛੇ ਨਾ ਗਏ | ਮੁਲਤਵੀ ਕੀਤੇ ਗਏ | ਨਿਯਮ 38 ਅਧੀਨ ਉੱਤਰ ਦਿੱਤੇ ਗਏ | ਅਨੁਪੂਰਕਾਂ ਦੀ ਗਿਣਤੀ |
|---|---|---|---|---|---|
| 20 | 14 | 2 | 4 | 0 | 18 |

**(ਅ) ਬਿਨਾਂ ਨਿਸ਼ਾਨ ਵਾਲੇ ਪ੍ਰਸ਼ਨ : 23**

2. **ਮਾਨਯੋਗ ਸਪੀਕਰ ਦੁਆਰਾ ਸਭਾਪਤੀ ਨਾਮਾਵਲੀ ਸਬੰਧੀ ਐਲਾਨ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੀ ਕਾਰਜਵਿਧੀ ਅਤੇ ਕਾਰਜ ਸੰਚਾਲਣ ਨਿਯਮਾਵਲੀ ਦੇ ਨਿਯਮ 13(1) ਦੇ ਅਧੀਨ ਨਿਮਨਲਿਖਤ ਮਾਨਯੋਗ ਮੈਂਬਰਾਂ ਨੂੰ ਸਭਾਪਤੀ ਨਾਮਾਵਲੀ ਲਈ ਨਾਮਜ਼ਦ ਕਰਨ ਸਬੰਧੀ ਐਲਾਨ ਕੀਤਾ:

1) ਸ੍ਰੀ ਅਮਨ ਅਰੋੜਾ;
2) ਸਰਦਾਰ ਜੈ ਕ੍ਰਿਸ਼ਨ ਸਿੰਘ ;
3) ਸਰਦਾਰ ਮਨਪ੍ਰੀਤ ਸਿੰਘ ਇਆਲੀ;
4) ਸਰਦਾਰ ਪਰਗਟ ਸਿੰਘ ਪੋਆਰ;

3. **ਸਕੱਤਰ ਦੁਆਰਾ ਐਲਾਨ:**

ਸਕੱਤਰ ਵੱਲੋਂ 15ਵੀਂ ਪੰਜਾਬ ਵਿਧਾਨ ਸਭਾ ਦੁਆਰਾ ਇਸ ਦੇ 16ਵੇਂ (ਵਿਸ਼ੇਸ਼) ਸਮਾਗਮ ਦੌਰਾਨ ਅਤੇ 16ਵੀਂ ਪੰਜਾਬ ਵਿਧਾਨ ਸਭਾ ਦੇ ਪਹਿਲੇ ਸਮਾਗਮ ਦੌਰਾਨ ਪਾਸ ਕੀਤੇ ਗਏ ਬਿਲਾਂ, ਜਿਨ੍ਹਾਂ ਤੇ ਰਾਜਪਾਲ ਜੀ ਨੇ ਆਪਣੀ ਸਹਿਮਤੀ ਦੇ ਦਿੱਤੀ ਹੈ, ਦਾ ਵੇਰਵਾ ਸਦਨ ਦੀ ਮੇਜ਼ ਤੇ ਰੱਖਿਆ ਗਿਆ।

4. **ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ**

ਮਾਨਯੋਗ ਸਪੀਕਰ ਨੇ ਪੰਜਾਬ ਵਿਧਾਨ ਸਭਾ ਦੁਆਰਾ ਮਿਤੀ 24.06.2022 ਤੋਂ 30.06.2022 ਤੱਕ ਕੀਤੇ ਜਾਣ ਵਾਲੇ ਕੰਮ-ਕਾਰ ਸਬੰਧੀ ਕਾਰਜ ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਸਦਨ ਵਿਚ ਪੇਸ਼ ਕੀਤੀ।

ਸਿੱਖਿਆ ਮੰਤਰੀ ਵੱਲੋਂ ਪੇਸ਼ ਕੀਤਾ ਗਿਆ ਨਿਮਨਲਿਖਤ ਪ੍ਰਸਤਾਵ ਸਦਨ ਦੀ ਵੋਟ ਲਈ ਰੱਖਿਆ ਗਿਆ ਅਤੇ ਪ੍ਰਵਾਨ ਹੋਇਆ:-

"ਕਿ ਇਹ ਸਦਨ ਕਾਰਜ-ਸਲਾਹਕਾਰ ਕਮੇਟੀ ਦੀ ਪਹਿਲੀ ਰਿਪੋਰਟ ਵਿੱਚ ਦਰਜ ਸਿਫਾਰਸ਼ਾਂ ਨਾਲ ਸਹਿਮਤ ਹੈ।"

ਇਸ ਉਪਰੰਤ ਨਿਮਨਲਿਖਤ ਮੈਂਬਰਾਂ ਨੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1. | ਸ. ਪਰਗਟ ਸਿੰਘ ਪੋਆਰ, ਇੰਡੀਅਨ ਨੈਸ਼ਨਲ ਕਾਂਗਰਸ | 01 ਮਿੰਟ |
| 2. | ਸ. ਸੁਖਪਾਲ ਸਿੰਘ ਖਹਿਰਾ, ਇੰਡੀਅਨ ਨੈਸ਼ਨਲ ਕਾਂਗਰਸ | 02 ਮਿੰਟ |
| 3. | ਸ. ਪ੍ਰਤਾਪ ਸਿੰਘ ਬਾਜਵਾ, ਵਿਰੋਧੀ ਧਿਰ ਦੇ ਨੇਤਾ | 02 ਮਿੰਟ |
| 4. | ਸ. ਜੈ ਕ੍ਰਿਸ਼ਨ ਸਿੰਘ, ਆਮ ਆਦਮੀ ਪਾਰਟੀ | 02 ਮਿੰਟ |
| 5. | ਸ. ਅਮਰਿੰਦਰ ਸਿੰਘ ਰਾਜਾ ਵੜਿੰਗ, ਇੰਡੀਅਨ ਨੈਸ਼ਨਲ ਕਾਂਗਰਸ | 01 ਮਿੰਟ |

5. **ਵਾਕ ਆਊਟ**

ਇੰਡੀਅਨ ਨੈਸ਼ਨਲ ਕਾਂਗਰਸ ਅਤੇ ਭਾਰਤੀ ਜਨਤਾ ਪਾਰਟੀ ਦੇ ਸਦਨ ਵਿਚ ਹਾਜ਼ਰ ਮੈਂਬਰ ਜ਼ੀਰੋ ਆਵਰ ਵਿਚ ਅਤੇ ਲਾਅ ਐਂਡ ਆਰਡਰ ਤੇ ਬੋਲਣ ਲਈ ਸਮਾਂ ਨਾ ਦਿੱਤੇ ਜਾਣ ਕਰਕੇ ਸਰਕਾਰ ਵਿਰੋਧੀ ਨਾਅਰੇ ਲਗਾਉਂਦੇ ਹੋਏ ਸਦਨ ਵਿੱਚੋਂ ਵਾਕ-ਆਊਟ ਕਰ ਗਏ।

6. **ਰਾਜਪਾਲ ਦੇ ਭਾਸ਼ਣ ਤੇ ਧੰਨਵਾਦ ਪ੍ਰਸਤਾਵ ਤੇ ਬਹਿਸ**

ਸ੍ਰੀ ਅਮਨ ਅਰੋੜਾ, ਐਮ.ਐਲ.ਏ, ਆਮ ਆਦਮੀ ਪਾਰਟੀ ਵੱਲੋਂ ਰਾਜਪਾਲ ਦੇ ਭਾਸ਼ਣ ਤੇ ਨਿਮਨਲਿਖਤ ਪ੍ਰਸਤਾਵ ਪੇਸ਼ ਕੀਤਾ ਗਿਆ ਜਿਸ ਦੀ ਸ੍ਰੀ ਜੈ ਕ੍ਰਿਸ਼ਨ ਸਿੰਘ , ਐਮ.ਐਲ.ਏ, ਆਮ ਆਦਮੀ ਪਾਰਟੀ ਵੱਲੋਂ ਪ੍ਰੋੜ੍ਹਤਾ ਕੀਤੀ ਗਈ :

> "ਕਿ ਇਸ ਸਮਾਗਮ ਵਿਚ ਇਕੱਤਰ ਹੋਏ ਇਸ ਸਦਨ ਦੇ ਮੈਂਬਰ ਰਾਜਪਾਲ ਜੀ ਦੇ ਉਸ ਭਾਸ਼ਣ ਲਈ ਅਤਿ ਧੰਨਵਾਦੀ ਹਨ ਜੋ ਉਨ੍ਹਾਂ ਨੇ 21 ਮਾਰਚ, 2022 ਨੂੰ ਸਦਨ ਵਿਚ ਦੇਣ ਦੀ ਕ੍ਰਿਪਾਲਤਾ ਕੀਤੀ।"

ਇਸ ਉਪਰੰਤ ਨਿਮਨਲਿਖਤ ਮੈਂਬਰਾਂ ਨੇ ਬਹਿਸ ਵਿਚ ਹਿੱਸਾ ਲਿਆ ਅਤੇ ਉਹ ਉਨ੍ਹਾਂ ਦੇ ਨਾਮ ਸਾਹਮਣੇ ਦਿੱਤੇ ਗਏ ਸਮੇਂ ਲਈ ਬੋਲੇ:-

| | | |
|---|---|---|
| 1) | ਸ੍ਰੀ ਅਮਨ ਅਰੋੜਾ, ਆਮ ਆਦਮੀ ਪਾਰਟੀ | 36 ਮਿੰਟ |
| 2) | ਸ. ਜੈ ਕ੍ਰਿਸ਼ਨ ਸਿੰਘ, ਆਮ ਆਦਮੀ ਪਾਰਟੀ | 22 ਮਿੰਟ |
| 3) | ਸ. ਪ੍ਰਤਾਪ ਸਿੰਘ ਬਾਜਵਾ, ਵਿਰੋਧੀ ਧਿਰ ਦੇ ਨੇਤਾ | 26 ਮਿੰਟ |
| 4) | ਸ. ਮਨਪ੍ਰੀਤ ਸਿੰਘ ਇਆਲੀ, ਸ਼੍ਰੋਮਣੀ ਅਕਾਲੀ ਦਲ | 09 ਮਿੰਟ |
| 5) | ਸ਼੍ਰੀਮਤੀ ਸਰਵਜੀਤ ਕੋਰ ਮਾਣੂੰਕੇ, ਆਮ ਆਦਮੀ ਪਾਰਟੀ | 08 ਮਿੰਟ |
| 6) | ਸ. ਸੁਖਪਾਲ ਸਿੰਘ ਖਹਿਰਾ, ਇੰਡੀਅਨ ਨੈਸ਼ਨਲ ਕਾਂਗਰਸ | 15 ਮਿੰਟ |
| 7) | ਸ੍ਰੀ ਬੁੱਧ ਰਾਮ, ਆਮ ਆਦਮੀ ਪਾਰਟੀ | 24 ਮਿੰਟ |
| 8) | ਸ. ਸੁਖਵਿੰਦਰ ਸਿੰਘ ਕੋਟਲੀ, ਇੰਡੀਅਨ ਨੈਸ਼ਨਲ ਕਾਂਗਰਸ | 08 ਮਿੰਟ |
| 9) | ਡਾ. ਸੁਖਵਿੰਦਰ ਕੁਮਾਰ ਸੁੱਖੀ, ਸ਼੍ਰੋਮਣੀ ਅਕਾਲੀ ਦਲ | 07 ਮਿੰਟ |
| 10) | ਸ. ਅਮਨਸ਼ੇਰ ਸਿੰਘ (ਸ਼ੈਰੀ ਕਲਸੀ), ਆਮ ਆਦਮੀ ਪਾਰਟੀ | 08 ਮਿੰਟ |
| 11) | ਸ. ਇੰਦਰਬੀਰ ਸਿੰਘ ਨਿੱਝਰ , ਆਮ ਆਦਮੀ ਪਾਰਟੀ | 12 ਮਿੰਟ |
| 12) | ਸ. ਗੁਰਪ੍ਰੀਤ ਸਿੰਘ ਬਨਾਂਵਾਲੀ , ਆਮ ਆਦਮੀ ਪਾਰਟੀ | 15 ਮਿੰਟ |
| 13) | ਸ. ਬਰਿੰਦਰਮੀਤ ਸਿੰਘ ਪਾਹੜਾ, ਇੰਡੀਅਨ ਨੈਸ਼ਨਲ ਕਾਂਗਰਸ | 08 ਮਿੰਟ |

**7. ਮਾਨਯੋਗ ਸਪੀਕਰ ਦੁਆਰਾ ਸੂਚਨਾ**

ਵਿਰੋਧੀ ਧਿਰ ਦੇ ਨੇਤਾ ਵੱਲੋਂ ਰਾਜਪਾਲ ਦੇ ਭਾਸ਼ਣ ਤੇ ਧੰਨਵਾਦ ਪ੍ਰਸਤਾਵ ਤੇ ਬਹਿਸ ਦੌਰਾਨ ਉਨ੍ਹਾਂ ਵੱਲੋਂ ਮਾਨਯੋਗ ਸਪੀਕਰ ਨੂੰ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਦੇ ਮਾਮਲੇ ਸਬੰਧੀ ਦਿੱਤੀ ਗਈ ਪ੍ਰਤੀਬੇਨਤੀ ਦਾ ਜ਼ਿਕਰ ਕਰਨ ਤੇ ਮਾਨਯੋਗ ਸਪੀਕਰ ਵੱਲੋਂ ਇਸ ਸਬੰਧੀ ਕੀਤੀ ਗਈ ਕਾਰਵਾਈ ਬਾਰੇ ਸਦਨ ਨੂੰ ਸੂਚਿਤ ਕੀਤਾ ਗਿਆ।

**8. ਸਦਨ ਦਾ ਸਮਾਂ ਵਧਾਉਣਾ**

ਮਾਨਯੋਗ ਸਪੀਕਰ ਵੱਲੋਂ ਸਦਨ ਦੀ ਸਹਿਮਤੀ ਨਾਲ ਅੱਜ ਦੀ ਬੈਠਕ ਦਾ ਸਮਾਂ ਅੱਧੇ ਘੰਟੇ ਲਈ ਵਧਾਇਆ ਗਿਆ।

ਇਸ ਉਪਰੰਤ ਸਦਨ ਸ਼ਨਿਚਰਵਾਰ, ਮਿਤੀ 25 ਜੂਨ, 2022 ਦੇ 09.30 ਵਜੇ ਸਵੇਰ ਤੱਕ ਸਥਗਿਤ ਹੋ ਗਿਆ।

**ਚੰਡੀਗੜ੍ਹ।** | **ਸੁਰਿੰਦਰ ਪਾਲ**
**24 ਜੂਨ, 2022** | **ਸਕੱਤਰ।**

27/6/22
Principal Chief Reporter
Punjab Vidhan Sabha
Chandigrah